# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-04-2024**

- ਭਾਰਤੀ ਜਨਤਾ ਪਾਰਟੀ ਨੇ ਲੋਕਸਭਾ ਚੋਣਾਂ ਲਈ ਚੋਣ ਮਨੋਰਥ ਪੱਤਰ ਜਾਰੀ ਕੀਤਾ, ਪ੍ਰਧਾਨ ਮੰਤਰੀ ਮੋਦੀ ਨੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਦੋਹਰਾਇਆ।
- ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ, ਅੱਜ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। - ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਡਾਕਟਰ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਕਈ ਸਮਾਗਮ ਆਯੋਜਿਤ।
- ਜਲੰਧਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪਵਨ ਕੁਮਾਰ ਟੀਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ।

---

ਭਾਰਤੀ ਜਨਤਾ ਪਾਰਟੀ ਨੇ ਅੱਜ ਆਪਣਾ ਚੋਣ ਮਨੋਰਥ ਪੱਤਰ ਜਾਰੀ

ਕੀਤਾ। ਇਸ ਨੂੰ ਸੰਕਲਪ ਪੱਤਰ ਦਾ ਨਾਮ ਦਿੱਤਾ ਗਿਆ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ, BJP ਪ੍ਰਧਾਨ ਜੇ.ਪੀ ਨੱਡਾ, ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਇਹ ਸੰਕਲਪ ਪੱਤਰ ਜਾਰੀ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਸੰਕਲਪ ਪੱਤਰ ਨੂੰ 140 ਕਰੋੜ ਦੇਸ਼-ਵਾਸੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਦਾ ਮਿਸ਼ਨ ਦੱਸਿਆ। ਉਨ੍ਹਾਂ ਕਿਹਾ ਕਿ ਸੰਕਲਪ ਪੱਤਰ ਨੌਜਵਾਨਾਂ, ਔਰਤਾਂ, ਗਰੀਬਾਂ ਅਤੇ ਕਿਸਾਨਾਂ ਦੇ ਸਸ਼ਕਤੀਕਰਨ ਦੀ ਸਾਡੀ ਸੋਚ ਤੋਂ ਪ੍ਰੇਰਿਤ ਏ। ਉਨ੍ਹਾਂ ਰਾਜਾਂ ਅਤੇ ਕੇਂਦਰ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਅਤੇ ਇਕਸਾਰ ਸਿਵਲ ਕੋਡ 'ਤੇ ਜ਼ੋਰ ਦਿੰਦੇ ਹੋਏ ਆਪਣੇ ਅਗਲੇ ਕਾਰਜਕਾਲ ਵਿੱਚ ਭ੍ਰਿਸ਼ਟਾਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਗਰੰਟੀ ਵੀ ਦਿੱਤੀ। ਪ੍ਰਧਾਨ ਮੰਤਰੀ ਮੋਦੀ ਨੇ ਵਿਕਸਤ ਭਾਰਤ ਦੇ ਸੰਕਲਪ ਨੂੰ ਦੁਹਰਾਇਆ।

-------------------------------------------------------

ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਅੱਜ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। ਇਸ

ਮੌਕੇ ਤੇ ਵੱਖ-ਵੱਖ ਜ਼ਿਲਿਆਂ ਵਿੱਚ ਕਈ ਸਮਾਗਮ ਆਯੋਜਿਤ ਕੀਤੇ ਜਾ ਰਹੇ ਨੇ।

*ਹੋਰ ਵੇਰਵੇ  ਨਾਲ ਇਹ ਰਿਪੋਰਟ : ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਅੱਜ ਦੇ ਹੀ ਦਿਨ ਸਨ 1891 ਵਿੱਚ ਮੱਧ ਪ੍ਰਦੇਸ਼ ਦੇ ਮਹੂ ਵਿਖੇ ਹੋਇਆ । ਅੱਜ ਮਹੂ ਨੂੰ ਡਾਕਟਰ ਅੰਬੇਡਕਰ ਨਗਰ ਵਜੋਂ ਜਾਣਿਆ ਜਾਂਦਾ ਏ । ਵਿਦੇਸ਼ ਵਿਚ ਉੱਚ ਸਿੱਖਿਆ ਹਾਸਲ ਕਰਨ ਵਾਲੇ ਡਾਕਟਰ ਅੰਬੇਡਕਰ ਇਕ ਮਹਾਨ ਸਮਾਜ ਸੁਧਾਰਕ, ਅਰਥ ਸ਼ਾਸਤਰੀ ਅਤੇ ਸਿਆਸਤਦਾਨ ਸਨ । ਉਨਾਂ ਦਲਿਤ ਬੁੱਧ ਅੰਦੋਲਨ ਨੂੰ ਪ੍ਰੇਰਿਤ ਕੀਤਾ ਅਤੇ ਸਮਾਜ ਦੇ ਦਬੇ ਕੁਚਲੇ ਤੇ ਸ਼ੋਸ਼ਿਤ ਵਰਗ ਦੇ ਸਮਾਜਿਕ ਭੇਦਭਾਵ ਖਿਲਾਫ ਵੱਡੇ ਪੱਧਰ ਤੇ ਮੁਹਿੰਮ ਵਿਡੀ । ਆਪਣੇ ਜੀਵਨ ਵਿੱਚ ਡਾਕਟਰ ਅੰਬੇਦਕਰ ਨੇ ਕਿਰਤੀਆਂ, ਅੰਨਦਾਤਿਆਂ ਅਤੇ ਔਰਤਾਂ ਦੇ ਹੱਕਾਂ ਦੀ ਪੈਰਵੀ ਲਈ ਵੀ ਖ਼ਾਸ ਤੌਰ ਤੇ ਆਵਾਜ਼ ਬੁਲੰਦ ਕੀਤੀ । ਦੇਸ਼ ਨੂੰ ਦੁਨੀਆ ਦਾ ਇਕ ਬੇਮਿਸਾਲ ਤੇ ਸ਼ਾਨਦਾਰ ਸੰਵਿਧਾਨ ਦੇਣ ਵਾਲੇ ਡਾਕਟਰ ਅੰਬੇਡਕਰ ਨੇ ਦੇਸ਼ ਦੇ ਪਹਿਲੇ ਕਾਨੂੰਨ ਤੇ ਨਿਆਂ ਮੰਤਰੀ ਵਜੋਂ ਦੇਸ਼ ਦੀ ਸੇਵਾ ਕੀਤੀ । ਦੇਸ਼ ਪ੍ਰਤੀ ਉਨ੍ਹਾਂ ਦੇ*

***ਬੇਮਿਸਾਲ ਯੋਗਦਾਨ ਨੂੰ ਵੇਖਦਿਆਂ ਹੀ ਡਾਕਟਰ ਅੰਬੇਡਕਰ ਨੂੰ ਮਰਨ ਉਪਰੰਤ ਦੇਸ਼ ਦੇ ਸਭ ਤੋਂ ਵੱਡੇ ਸਮਾਜਿਕ ਸਨਮਾਨ ਭਾਰਤ ਰਤਨ ਨਾਲ ਨਵਾਜਿਆ ਗਿਆ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

-------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਬੀ.ਆਰ. ਅੰਬੇਡਕਰ ਨੂੰ, ਉਨ੍ਹਾਂ ਦੀ 134ਵੀਂ ਜੈਯੰਤੀ 'ਤੇ, ਸ਼ਰਧਾ ਦੇ ਫੁੱਲ ਭੇਟ ਕੀਤੇ । ਇੱਕ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਲੋਕਾਂ ਨੂੰ ਡਾ: ਅੰਬੇਡਕਰ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਦੇਸ਼ ਦੇ ਸਰਬਪੱਖੀ ਵਿਕਾਸ ਲਈ, ਸਾਂਝੇ ਤੌਰ 'ਤੇ ਕੰਮ ਕਰਨ ਦਾ ਸੱਦਾ ਦਿੱਤਾ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਲੋਕਾਂ ਨੂੰ ਡਾ. ਅੰਬੇਡਕਰ ਦੁਆਰਾ ਦਰਸਾਏ ਆਦਰਸ਼ਾਂ ਨੂੰ ਅਪਣਾਉਣ ਅਤੇ ਇੱਕ ਨਿਆਂਪੂਰਨ ਅਤੇ ਬਰਾਬਰੀ ਵਾਲੇ ਸਮਾਜ ਦੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਕੰਮ ਕਰਨ ਦੀ ਵੀ ਅਪੀਲ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਡਾ. ਅੰਬੇਡਕਰ ਦੇ ਦ੍ਰਿਸ਼ਟੀਕੋਣ ਨੂੰ

ਅੱਗੇ ਵਧਾਉਣ ਨਾਲ, ਅੱਜ ਭਾਰਤ ਦੀ ਨਵੀਂ ਤਸਵੀਰ ਬਿਲਕੁਲ ਵੱਖਰੀ ਏ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੀ ਸੋਚ, ਦੇਸ਼ ਦੇ ਵਿਕਾਸ ਲਈ ਪ੍ਰੇਰਨਾ ਸਰੋਤ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਡਾਕਟਰ ਬੀ ਆਰ ਅੰਬੇਡਕਰ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਸੰਵਿਧਾਨ ਨਿਰਮਾਤਾ ਅਤੇ ਗ਼ਰੀਬਾਂ ਦੇ ਮਸੀਹਾ, ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਜਨਮ ਦਿਹਾੜੇ ਤੇ ਸ਼ਤ ਸ਼ਤ ਨਮਨ।

---------------------------------------------------

ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਡਾਕਟਰ ਬੀ. ਆਰ. ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਕਈ ਸਮਾਗਮ ਆਯੋਜਿਤ ਕਰਕੇ, ਉਨ੍ਹਾਂ ਨੂੰ ਯਾਦ ਕੀਤਾ ਗਿਆ। ਜਲੰਧਰ ਸਮੇਤ ਕਈ ਜਿਲ੍ਹਿਆਂ ਦੇ ਪ੍ਰਸ਼ਾਸਨ ਨੇ ਡਾਕਟਰ ਅੰਬੇਡਕਰ ਨੂੰ ਫੁੱਲ ਭੇਂਟ ਕਰ ਕੇ ਸ਼ਰਧਾਂਜਲੀ ਭੇਂਟ ਕੀਤੀ। ਜਲੰਧਰ ਦੇ ਡਾਕਟਰ ਅੰਬੇਡਕਰ ਚੌਕ ਵਿਖੇ, ਕਈ ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ, ਡਾਕਟਰ ਅੰਬੇਡਕਰ

ਨੂੰ ਫੁੱਲ ਮਲਾਵਾਂ ਭੇਂਟ ਕੀਤੀਆਂ। BJP ਵੱਲੋਂ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਪਾਰਟੀ ਦੇ ਸੂਬਾ ਮੀਤ ਪ੍ਰਧਾਨ ਕੇ. ਡੀ. ਭੰਡਾਰੀ, ਜਨਰਲ ਸਕੱਤਰ ਰਾਕੇਸ਼ ਰਾਠੌਰ, ਜਲੰਧਰ ਤੋਂ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ, ਵਿਧਾਇਕ ਸ਼ੀਤਲ ਅੰਗੂਰਾਲ ਅਤੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਸਮੇਤ ਕਈ ਹੋਰ ਆਗੂਆਂ ਨੇ ਡਾਕਟਰ ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

---------------------------------------------------------

ਏਧਰ ਜਿਲਾ ਫਤਿਹਗੜ੍ਹ ਸਾਹਿਬ ਦੀ ਸ਼੍ਰੀ ਗੁਰੂ ਰਵਿਦਾਸ ਵਿਸ਼ਵ ਮਹਾਂ ਪੀਠ ਇਕਾਈ ਨੇ ਬਾਬਾ ਸਾਹਿਬ ਦਾ ਜਨਮ ਦਿਵਸ, ਲਾਇਬ੍ਰੇਰੀ ਸਰਹਿੰਦ ਵਿਖੇ ਪਹਿਲਾ ਮੁਫਤ ਅੱਖਾਂ ਦਾ ਚੈੱਕ- ਅੱਪ ਅਤੇ ਐਕਿਊ- ਪ੍ਰੈਸਰ, ਫਿਜਿਓ-ਥਰੈਪੀ ਕੈਂਪ ਲਗਾਕੇ ਮਨਾਇਆ ਗਿਆ।

ਇਸ ਪ੍ਰੋਗਰਾਮ 'ਚ ਭਾਰਤੀ ਜਨਤਾ ਪਾਰਟੀ SC ਮੋਰਚਾ ਦੇ ਸੂਬਾਈ ਮੀਤ ਪ੍ਰਧਾਨ, ਪਰਮਜੀਤ ਸਿੰਘ ਕੈਂਥ ਨੇ ਸ਼ਿਰਕਤ ਕੀਤੀ ਅਤੇ ਕਿਹਾ ਕਿ ਮੈਡੀਕਲ ਕੈਂਪ ਲਗਾਕੇ, ਮੁਫ਼ਤ ਦਵਾਈਆਂ ਦਿਤੀਆਂ ਗਈਆਂ ਅਤੇ ਅੱਖਾਂ

ਦੀ ਜਾਂਚ ਕੀਤੀ ਗਈ, ਜੋ ਲੋੜਵੰਦ ਪਰਿਵਾਰ ਲਈ ਵਰਦਾਨ ਸਾਬਿਤ ਹੋਇਆ ਏ ।

-----------------------------------------------------------

ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਿਤ ਡਾ: ਭੀਮ ਰਾਓ ਅੰਬੇਦਕਰ ਦੇ ਬੁੱਤ 'ਤੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਬਾਬਾ ਸਾਹਿਬ ਦੇ ਬੁੱਤ ਉੱਪਰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਐੱਸ.ਡੀ.ਐੱਮ. ਕਰਮਜੀਤ ਸਿੰਘ ਨੇ  ਕਿਹਾ ਕਿ ਦੇਸ਼ ਦੀ ਇਸ ਮਹਾਨ ਸਖਸ਼ੀਅਤ ਨੂੰ, ਆਪਣੇ ਆਦਰਸ਼ ਵਜੋਂ ਲੈਂਦਿਆਂ ਹਮੇਸ਼ਾਂ ਸਮਾਜ ਦੇ ਪਿਛੜੇ ਵਰਗਾਂ ਦੀ ਭਲਾਈ ਲਈ ਸਮਾਜਿਕ ਬਰਾਬਰੀ ਲਈ ਕੰਮ ਕਰਨਾ ਚਾਹੀਦਾ ਏ । ਓਧਰ ਪਟਿਆਲਾ  ਵਿਖੇ BJP ਦੇ ਲੋਕ ਸਭਾ ਉਮੀਦਵਾਰ ਪ੍ਰਨੀਤ ਕੌਰ ਅਤੇ ਆਮ ਆਦਮੀ ਪਾਰਟੀ ਉਮੀਦਵਾਰ ਡਾ. ਬਲਬੀਰ ਸਿੰਘ ਨੇ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਦਿਤੀ। ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਨੇ ਸੰਵਿਧਾਨ ਬਣਾਉਣ ਸਮੇਂ ਹਰ ਇੱਕ ਵਰਗ ਦਾ ਧਿਆਨ ਰੱਖਿਆ ਅਤੇ ਇਹ ਕੋਸ਼ਿਸ਼ ਕੀਤੀ ਕਿ ਹਰ ਇੱਕ ਵਰਗ ਨੂੰ ਬਰਾਬਰਤਾ ਮਿਲ ਸਕੇ।

---------------------------------------------------

ਬਹੁਜਨ ਸਮਾਜ ਜੈਤੋ ਵਲੋਂ ਵੀ, ਜਗਤ ਗੁਰੂ ਰਵਿਦਾਸ ਮਾਨਮ ਸੇਵਾ ਕਲਿਆਣ ਟਰੱਸਟ ਅਤੇ ਡਾ. ਬੀ. ਆਰ. ਅੰਬੇਡਕਰ ਮਿਸ਼ਨ ਪ੍ਰਚਾਰ ਕਮੇਟੀ ਜੈਤੋ ਦੇ ਸਹਿਯੋਗ ਨਾਲ, ਸ਼ਹਿਰ ਵਿਚ ਪੈਦਲ ਚੇਤਨਾ ਮਾਰਚ ਕੱਢਦੇ ਹੋਏ ਬਾਬਾ ਸਾਹਿਬ ਨੂੰ ਨਮਨ ਕੀਤਾ ਗਿਆ । ਓਧਰ ਮੋਗਾ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਇਸ ਮੌਕੇ ਇਕ ਸਮਾਗਮ ਦਾ ਆਯੋਜਨ ਕੀਤਾ ਗਿਆ । ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦਾ ਹਰੇਕ ਯੋਗ ਨਾਗਰਿਕ ਬਿਨਾਂ ਕਿਸੇ ਲਾਲਚ ਅਤੇ ਡਰ ਤੋਂ ਆਪਣੇ ਵੋਟ ਦੇ ਸੰਵਿਧਾਨਿਕ ਹੱਕ ਦਾ ਇਸਤੇਮਾਲ ਕਰੇ, ਇਹ ਵੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਲਈ ਇੱਕ ਸ਼ਰਧਾਂਜਲੀ ਹੋਵੇਗੀ। ਉਨਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇਸ਼ ਦੇ ਲੋਕਾਂ ਲਈ ਹਮੇਸ਼ਾ ਮਾਰਗ ਦਰਸ਼ਕ ਅਤੇ ਪ੍ਰੇਰਨਾ ਸਰੋਤ ਬਣੇ ਰਹਿਣਗੇ। ਲੁਧਿਆਣਾ ਵਿਖੇ ਇਸ ਮੌਕੇ ਅੰਬੇਡਕਰ ਨਵਯੁਕਤ ਦਲ ਵੱਲੋਂ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ । ਸ਼ੋਭਾ ਯਾਤਰਾ ਡਾ: AVM ਪਬਲਿਕ ਸੀਨੀਅਰ ਸੈਕੰਡਰੀ ਸਕੂਲ ਈਸਾ ਨਗਰੀ ਪੁਲੀ ਤੋਂ ਸ਼ੁਰੂ ਹੋ ਕੇ ਜਲੰਧਰ ਬਾਈਪਾਸ ਸਥਿਤ

ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਸਮਾਪਤ ਹੋਈ। ਸ਼ੋਭਾ ਯਾਤਰਾ ਦੇ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਸਵਾਗਤੀ ਗੇਟ ਅਤੇ ਲੰਗਰ ਲਗਾਏ ਗਏ ਸਨ।

---------------------------------------------------------------

ਜਲੰਧਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਜਲੰਧਰ ਜ਼ਿਲ੍ਹੇ ਦੀ ਆਦਮਪੁਰ ਵਿਧਾਨ ਸਭਾ ਸੀਟ ਤੋਂ 2 ਵਾਰ ਵਿਧਾਇਕ ਰਹੇ ਪਵਨ ਕੁਮਾਰ ਟੀਨੂੰ, ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਚੰਡੀਗੜ੍ਹ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ। ਸਮਝਿਆ ਜਾਂਦਾ ਏ, ਕਿ ਆਮ ਆਦਮੀ ਪਾਰਟੀ ਪਵਨ ਕੁਮਾਰ ਟੀਨੂੰ ਨੂੰ ਜਲੰਧਰ ਲੋਕ ਸਭਾ ਹਲਕੇ ਤੋਂ ਆਪਣਾ ਉਮੀਦਵਾਰ ਬਣਾ ਸਕਦੀ ਏ। ਪਵਨ ਕੁਮਾਰ ਟੀਨੂੰ ਦੇ ਪਾਰਟੀ ਬਦਲਣ ਨਾਲ, ਸ਼੍ਰੋਮਣੀ ਅਕਾਲੀ ਦਲ ਨੂੰ ਜਬਰਦਸਤ ਝਟਕਾ ਲੱਗਿਆ ਏ।

---------------------------------------------------------------

ਇਸ ਦੌਰਾਨ ਜਲੰਧਰ ਤੋਂ ਹੀ ਸ਼੍ਰੋਮਣੀ ਅਕਾਲੀ ਦਲ ਦੇ ਇਕ ਹੋਰ ਸੀਨਿਅਰ ਆਗੂ, ਗੁਰਚਰਨ ਸਿੰਘ ਚੰਨੀ ਨੇ ਵੀ ਪਾਰਟੀ ਤੋਂ ਅਸਤੀਫਾ

ਦੇ ਦਿੱਤਾ ਏ । ਸੋਸ਼ਲ ਮੀਡੀਆ ਤੇ ਆਪਣੇ ਅਸਤੀਫ਼ੇ ਵਿੱਚ ਉਨਾਂ ਲਿਖਿਆ ਕਿ ਉਹ, ਪਿਛਲੇ ਤੀਹ ਵਰ੍ਹਿਆਂ ਤੋਂ ਪਾਰਟੀ ਨਾਲ ਜੁੜੇ ਹੋਏ ਸਨ ਪਰ ਪਾਰਟੀ ਦੀ ਲੀਡਰਸ਼ਿਪ ਅਤੇ ਅੰਦਰੂਨੀ ਸਿਆਸਤ ਗੰਭੀਰ ਮੁੱਦਿਆਂ ਦਾ ਸਾਹਮਣਾ ਕਰ ਰਹੀ ਏ। ਉਨ੍ਹਾਂ ਲਿਖਿਆ ਕਿ ਅਜਿਹੇ ਵਿੱਚ ਇਹ ਡਰ ਲਗ ਰਿਹਾ ਏ, ਕਿ ਪਾਰਟੀ ਪ੍ਰਧਾਨ ਇਸ ਦਾ ਹੱਲ ਕਰਨ ਜਾਂ ਇਸ ਨੂੰ ਸਵੀਕਾਰ ਕਰਨ ਵਿੱਚ ਵੀ ਨਾਕਾਮ ਨੇ। ਗੁਰਚਰਨ ਸਿੰਘ ਚੰਨੀ ਨੇ ਕਿਹਾ ਕਿ ਪਾਰਟੀ ਆਪਣੀਆਂ ਬੁਨਿਆਦੀ ਕਦਰਾਂ ਕੀਮਤਾਂ ਅਤੇ ਲੋਕਤੰਤਰਿਕ ਢਾਂਚੇ ਤੋਂ ਬਹੁਤ ਦੂਰ ਚਲੀ ਗਈ ਏ। ਉਨ੍ਹਾਂ ਕਿਹਾ ਕਿ ਅਜਿਹੇ ਵਿੱਚ ਪਾਰਟੀ ਵਿੱਚ ਬਣੇ ਰਹਿਣਾ, ਉਨ੍ਹਾਂ ਲਈ ਮੁਸ਼ਕਲ ਹੋ ਗਿਆ ਏ।

---------------------------------------------------------------

ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰੇਮ ਸਿੰਘ ਚੰਦੂਮਾਜਰਾ ਨੇ, ਅੱਜ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਕੀਤੀ। ਉਨ੍ਹਾਂ ਪਾਰਟੀ ਦੀ ਚੜ੍ਹਦੀ ਕਲਾ ਤੇ ਫਤਿਹ

ਦੀ ਅਰਦਾਸ ਵੀ ਕੀਤੀ। ਇਸ ਮੌਕੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਜਥੇਦਾਰ ਅਵਤਾਰ ਸਿੰਘ ਰਿਆ ਨੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਪ੍ਰੋਫੈਸਰ ਚੰਦੂਮਾਜਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੈਬਨਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ, ਇੱਕ ਫਿਰਕੇ ਪ੍ਰਤੀ ਕੀਤੀ ਗਈ ਨਸਲੀ ਟਿੱਪਣੀ ਆਮ ਆਦਮੀ ਪਾਰਟੀ ਦੀ ਮਾੜੀ ਸੋਚ ਦਾ ਹੀ ਨਤੀਜਾ ਏ, ਜਿਸ ਕਾਰਨ ਹੀ ਅੱਜ ਪੰਜਾਬ ਨਿਵਾਸੀ ਇਸ ਪਾਰਟੀ ਨੂੰ ਨਫਰਤ ਕਰਨ ਲੱਗ ਪਏ ਨੇ।

---------------------------------------------------------------

ਲੋਕ ਸਭਾ ਚੋਣਾਂ-2024 ਨੂੰ ਮੱਦੇਨਜ਼ਰ ਰੂਪਨਗਰ ਵਿਖੇ ਵੋਟਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸਾਖੀ ਦੇ ਤਿਉਹਾਰ 'ਤੇ ਸਵੀਪ ਗਤੀਵਿਧੀਆਂ ਕੀਤੀਆਂ ਗਈਆਂ। ਇਨ੍ਹਾਂ ਵਿਸਾਖੀ ਦੇ ਤਿਉਹਾਰ ਉੱਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਲਈ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਅਤੇ ਗੁਰੂ ਦੁਆਰਾ ਸਿੰਘ ਸਭਾ ਸਾਹਿਬ ਵਿਖੇ, ਵਿਸ਼ੇਸ਼ ਮੁਹਿੰਮ ਚਲਾਈ ਗਈ। ਲੈਕਚਰਰ ਬਲਜਿੰਦਰ ਸਿੰਘ ਅਤੇ ਸਹਾਇਕ ਸਵੀਪ ਨੋਡਲ ਅਫਸਰ

ਵਰਿੰਦਰ ਸਿੰਘ ਅਤੇ ਉਹਨਾਂ ਦੀ ਟੀਮ ਵੱਲੋਂ  ਲੋਕਾਂ ਨੂੰ ਚੋਣਾਂ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਲੋਕਾਂ ਨੂੰ ਬਿਨਾਂ ਕਿਸੇ ਡਰ ,ਲਾਲਚ, ਜਾਤ ਪਾਤ ਅਤੇ ਧਰਮ ਤੋਂ ਉਪਰ ਉੱਠ ਕੇ ਯੋਗ ਉਮੀਦਵਾਰ ਚੁਣਨ ਦੀ ਅਪੀਲ ਕੀਤੀ ਗਈ। ਇਸ ਦੌਰਾਨ ਸੈਲਫੀ ਪੁਆਇੰਟ ਅਤੇ ਹਸਤਾਖਰ ਮੁਹਿੰਮ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀ ਰਹੀ।

-------------------------------------------------------------

ਪੰਜਾਬ ਗਤਕਾ ਸੰਘ ਨੇ ਵਿਸਾਖੀ ਮੌਕੇ, ਮੁਹਾਲੀ ਦੇ ਅੰਬ ਸਾਹਿਬ ਵਿਖੇ ਸੂਬਾ ਪੱਧਰੀ ਗਤਕਾ ਮੁਕਾਬਲੇ ਕਰਵਾਏ, ਜਿਸ ਵਿਚ ਪੰਜਾਬ ਤੋਂ 13 ਟੀਮਾਂ ਨੇ ਹਿੱਸਾ ਲਿਆ। ਭਾਰਤੀ ਗਤਕਾ ਸੰਘ ਦੇ ਕੌਮੀ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਵੀ ਉਚੇਚੇ ਤੌਰ ‘ਤੇ ਪੁਜੇ ਤੇ ਮੁਕਾਬਲੇ ਦੀ ਰਸਮੀ ਸ਼ੁਰੂਆਤ ਕਰਵਾਈ। ਪੰਜਾਬ ਗਤਕਾ ਸੰਘ ਦੇ ਪ੍ਰਧਾਨ ਤੇ ਸੇਵਾਮੁਕਤ SSP ਰਾਜਿੰਦਰ ਸਿੰਘ ਸੋਹਲ ਵੀ ਉਨ੍ਹਾਂ ਨਾਲ ਮੌਜੂਦ ਰਹੇ। ਇਸ ਮੌਕੇ ਗਤਕਾ ਸ਼ਸਤਰ ਸੰਬੰਧੀ ਇਕ ਕਿਤਾਬ ਵੀ ਜਾਰੀ ਕੀਤੀ ਗਈ। ਬਲਜਿੰਦਰ ਸਿੰਘ ਤੂਰ ਨੇ ਕਿਹਾ ਕਿ ਗਤਕੇ ਮੁਕਾਬਲੇ ਕਰਵਾਉਣ ਦਾ ਮਕਸਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਸ ਮਾਰਸ਼ਲ ਆਰਟ ਨੂੰ ਹੋਰ

ਵਧੇਰੇ ਪ੍ਰਫੁਲਿਤ ਕਰਨਾ ਏ । ਚੋਣ ਵਿਭਾਗ ਨੇ ਇਸ ਮੌਕੇ ਮੌਜੂਦ ਨੌਜਵਾਨ ਮੁੰਡੇ-ਕੁੜੀਆਂ ਨੂੰ ਵੋਟ ਬਨਵਾਓਣ ਤੇ ਇਕ ਜੂਨ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ।

-----------------------------------------------------------------

ਰੱਖਿਆ ਖੋਜ ਅਤੇ ਵਿਕਾਸ ਸੰਗਠਨ DRDO ਅਤੇ ਭਾਰਤੀ ਫੌਜ ਨੇ ਸਵਦੇਸ਼ੀ ਮੈਨ ਪੋਰਟੇਬਲ ਟੈਂਕ ਭੇਦੀ ਗਾਈਡਡ ਮਿਜ਼ਾਈਲ ਹਥਿਆਰ ਪ੍ਰਣਾਲੀ ਦਾ ਸਫਲ ਪ੍ਰੀਖਣ ਕੀਤਾ। ਰਾਜਸਥਾਨ ਦੇ ਪੋਖਰਨ ਫੀਲਡ ਫਾਇਰਿੰਗ ਰੇਂਜ 'ਤੇ ਕੱਲ੍ਹ ਵਾਰਹੈੱਡ ਫਲਾਈਟ ਦਾ ਸਫਲ ਪ੍ਰੀਖਣ ਕੀਤਾ ਗਿਆ। ਐਂਟੀ-ਟੈਂਕ ਗਾਈਡਡ ਮਿਜ਼ਾਈਲ ਦਿਨ ਅਤੇ ਰਾਤ ਵੇਲੇ ਸਟੀਕ ਹਮਲੇ ਕਰਨ ਦੀ ਸਮਰੱਥਾ ਨਾਲ ਚੰਗੀ ਤਰ੍ਹਾਂ ਲੈਸ ਏ ਅਤੇ ਆਧੁਨਿਕ ਸ਼ਸਤਰ-ਸੁਰੱਖਿਅਤ ਮੇਨ ਬੈਟਲ ਟੈਂਕ ਨੂੰ ਹਰਾਉਣ ਦੇ ਸਮਰੱਥ ਵੀ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਪ੍ਰਣਾਲੀ ਦੇ ਸਫਲ ਪ੍ਰੀਖਣ ਲਈ DRDO ਅਤੇ ਭਾਰਤੀ ਫੌਜ ਦੀ ਸ਼ਲਾਘਾ ਕੀਤੀ ਅਤੇ ਇਸ ਕਦਮ ਨੂੰ ਉੱਨਤ ਤਕਨਾਲੋਜੀ ਆਧਾਰਿਤ ਰੱਖਿਆ ਪ੍ਰਣਾਲੀ ਦੇ ਵਿਕਾਸ

ਵਿੱਚ ਸਵੈ-ਨਿਰਭਰਤਾ ਪ੍ਰਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।

-----------------------------------------------------------

ਪੰਜਾਬ ਆਬਕਾਰੀ ਵਿਭਾਗ ਦੀ ਟੀਮ ਨੇ ਪੰਜਾਬ ਆਬਕਾਰੀ ਨੇ ਲੁਧਿਆਣਾ (ਦਿਹਾਤੀ) ਦੀ ਪੁਲਿਸ ਨਾਲ ਮਿਲ ਕੇ 35 ਹਜ਼ਾਰ ਲੀਟਰ ਲਾਹਣ ਅਤੇ ਨਾਜਾਇਜ਼ ਸ਼ਰਾਬ ਦੀਆਂ 59 ਬੋਤਲਾਂ ਬਰਾਮਦ ਕੀਤੀਆਂ ਨੇ। ਸਹਾਇਕ ਕਮਿਸ਼ਨਰ (ਆਬਕਾਰੀ) ਇੰਦਰਜੀਤ ਸਿੰਘ ਨਾਗਪਾਲ ਨੇ ਦੱਸਿਆ ਕਿ ਟੀਮਾਂ ਨੇ ਸ਼ੇਰੇਵਾਲਾ ਅਤੇ ਵਲੀਪੁਰ ਖੁਰਦ ਵਿੱਚ ਛਾਪੇਮਾਰੀ ਕਰਕੇ 35 ਹਜ਼ਾਰ ਲੀਟਰ ਲਾਹਣ ਅਤੇ ਸ਼ੇਰੇਵਾਲਾ ਦੀ ਰਹਿਣ ਵਾਲੀ ਮਨਦੀਪ ਕੌਰ ਅਤੇ ਬਿਮਲ ਬਾਈ ਨਾਮਕ ਦੋ ਔਰਤਾਂ ਕੋਲੋਂ ਨਾਜਾਇਜ਼ ਸ਼ਰਾਬ ਦੀਆਂ 59 ਬੋਤਲਾਂ ਵੀ ਬਰਾਮਦ ਕੀਤੀਆਂ। ਟੀਮ ਵੱਲੋਂ ਜ਼ਬਤ ਕੀਤੀ ਲਾਹਣ ਨੂੰ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ ਗਿਆ। ਦੋਵਾਂ ਔਰਤਾਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਨੇ।

-----------------------------------------------------------

## <u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>

- ਭਾਰਤੀ ਜਨਤਾ ਪਾਰਟੀ ਨੇ ਲੋਕਸਭਾ ਚੋਣਾਂ ਲਈ ਚੋਣ ਮਨੋਰਥ ਪੱਤਰ ਜਾਰੀ ਕੀਤਾ, ਪ੍ਰਧਾਨ ਮੰਤਰੀ ਮੋਦੀ ਨੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਦੋਹਰਾਇਆ।
- ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ, ਅੱਜ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। - ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਡਾਕਟਰ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਕਈ ਸਮਾਗਮ ਆਯੋਜਿਤ।
- ਜਲੰਧਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਪਵਨ ਕੁਮਾਰ ਟੀਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ।